8-Dec-BTD-Pages.qxd 12/8/2024 10:14 PM Page 1

ਗੁਰਮਤਿ ਸਮਾਗਮਾਂ ਮੌਕੇ ਅੰਮ੍ਰਿਤ ਪਾਨ ਕਰਨ ਵਾਲੇ ਪ੍ਰਾਣੀਆਂ ਨਾਲ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰੀਕ ਸਿੰਘ ਕੋਟਸ਼ਮੀਰ ਤੇ ਪੰਜ ਪਿਆਰੇ। ਤਸਵੀਰ : ਰਣਜੀਤ ਸਿੰਘ ਬੁੱਟਰ

ਤਿੰਨ ਰੋਜ਼ਾ ਗੁਰਮਤਿ ਸਮਾਗਮਾਂ ਦੇ ਆਖ਼ਰੀ ਦਿਨ 92 ਪ੍ਰਾਣੀ ਗੁਰੂ ਵਾਲੇ ਬਣੇ

ਕੋਟਫੱਤਾ, 8 ਦਸੰਬਰ (ਰਣਜੀਤ ਸਿੰਘ ਬੁੱਟਰ)-ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਤੇ ਮਾਤਾ ਗੁਜਰ ਕੌਰ ਜੀ ਦੀ ਜਨਮ ਸ਼ਤਾਬਦੀ ਨੂੰ ਸਮਰਪਿਤ ਜਥੇਦਾਰ ਅਮਰੀਕ ਸਿੰਘ ਕੋਟਸ਼ਮੀਰ ਮੈਂਬਰ ਸ਼੍ਰੋਮਣੀ ਕਮੇਟੀ ਦੇ ਯਤਨਾਂ ਸਦਕਾ ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਸ੍ਰੀ ਅੰਮ੍ਰਿਤਸਰ ਦੇ ਸਹਿਯੋਗ ਨਾਲ ਪ੍ਰਧਾਨ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਕੋਟਸ਼ਮੀਰ ਤੇ ਨਗਰ ਦੀ ਸੰਗਤ ਵਲੋਂ ਗੁਰਦੁਆਰਾ ਸਾਹਿਬ ਵਿਖੇ ਤਿੰਨ ਰੋਜ਼ਾ ਗੁਰਮਤਿ ਸਮਾਗਮ ਕਰਵਾਇਆ ਗਿਆ। ਸਮਾਗਮ ਦੇ ਆਖ਼ਰੀ ਦਿਨ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਤਖਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਭਾਈ ਸੁਖਬਾਜ ਸਿੰਘ ਨੇ ਕੀਰਤਨ ਦੀ ਹਾਜ਼ਰੀ ਭਰੀ। ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਨੇ ਗੁਰਮਤਿ ਵਿਚਾਰਾਂ ਕੀਤੀਆਂ। ਡੇਰਾ ਰੂਮੀ ਵਾਲਾ ਭੁੱਚੋ ਕਲਾ ਬਠਿੰਡਾ ਦੇ ਰਾਗੀ ਜਥੇ ਭਾਈ ਪ੍ਰਗਟ ਸਿੰਘ ਨੇ ਹਰ ਜਸ ਕੀਰਤਨ ਕੀਤਾ। ਬਾਬਾ ਜੋਰਾ ਸਿੰਘ ਠਾਠ ਬੱਧਣੀ ਕਲਾਂ ਵਲੋਂ ਭੇਜੇ ਗਏ ਰਾਗੀ ਜਥੇ ਭਾਈ ਗੁਰਪ੍ਰੀਤ ਸਿੰਘ ਨੇ ਵੀ ਕੀਰਤਨ ਵਿਚ ਹਾਜ਼ਰੀ ਭਰੀ। ਉਪਰੰਤ ਭਾਈ ਬਲਦੇਵ ਸਿੰਘ ਹਜ਼ੂਰੀ ਰਾਗੀ ਜਥਾ ਸੱਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਨੇ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਨੇ ਗੁਰਮਤਿ ਵਿਚਾਰਾਂ ਕੀਤੀਆਂ। ਸੱਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਅਰਦਾਸੀਏ ਸਿੰਘ ਭਾਈ ਬਲਜੀਤ ਸਿੰਘ ਨੇ ਸਮਾਪਤੀ ਸਮੇਂ ਅਰਦਾਸ ਬੇਨਤੀ ਕੀਤੀ। ਇਹਨਾਂ ਸਮਾਗਮਾਂ ਵਿੱਚ ਮਹੰਤ ਭਰਪੂਰ ਦਾਸ ਮਲਕਾਣਾ, ਮਹੰਤ ਰਾਮਦੇਵ ਸ਼ੇਖੂਪੁਰੇ ਵਾਲੇ, ਮਹੰਤ ਮੱਤੀਦਾਸ ਬਠਿੰਡਾ, ਮਹੰਤ ਰਾਮਦਾਸ ਜੀ ਅੰਗਹੀਣ ਗਊਸ਼ਾਲਾ ਬਠਿੰਡਾ, ਮਹੰਤ ਗਿਆਨ ਦਾਸ ਕੋਟ ਭਾਈ, ਮਹੰਤ ਕਰਮ ਦਾਸ ਤਲਵੰਡੀ ਸਾਬੋ, ਮਹੰਤ ਕੁਲਵੰਤ ਡੇਰਾ ਲਾਲ ਸਿੰਘ, ਡਾਕਟਰ ਗੁਰਿੰਦਰ ਪਾਲ ਸਿੰਘ ਨਾਗਪਾਲ ਹਸਪਤਾਲ ਬਠਿੰਡਾ, ਬਾਬਾ ਪਿੱਪਲ ਦਾਸ ਦਮਦਮੀ ਟਕਸਾਲ ਆਦਿ ਸ਼ਖ਼ਸੀਅਤਾਂ ਤੇ ਸੰਤ ਮਹਾਂਪੁਰਸ਼ ਹਾਜ਼ਰ ਸਨ। ਬਾਬਾ ਬੂਟਾ ਸਿੰਘ ਗੁਰਥੜੀ ਵਾਲੇ ਇੰਚਾਰਜ ਧਰਮ ਪ੍ਰਚਾਰ ਮਾਲਵਾ ਜੋਨ ਤੇ ਮੈਂਬਰ ਸ਼੍ਰੋਮਣੀ ਕਮੇਟੀ ਨੇ ਵੀ ਕਥਾ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਉਪਰੋਕਤ ਤੋਂ ਇਲਾਵਾ ਜਥੇਦਾਰ ਮੇਜਰ ਸਿੰਘ ਢਿੱਲੋਂ ਮੈਂਬਰ ਸ਼੍ਰੋਮਣੀ ਕਮੇਟੀ, ਸੁਮੇਰ ਸਿੰਘ ਬਾਦੀਆਂ ਸੁਪਰਵਾਈਜ਼ਰ ਸ਼੍ਰੋਮਣੀ ਕਮੇਟੀ, ਗੁਰਤੇਜ ਸਿੰਘ ਗੁਰਦੁਆਰਾ ਇੰਸਪੈਕਟਰ ਸ਼੍ਰੋਮਣੀ ਕਮੇਟੀ, ਸੁਰਿੰਦਰ ਸਿੰਘ ਮੀਤ ਮੈਨੇਜਰ, ਗੁਰਦੁਆਰਾ ਹਾਜੀ ਰਤਨ ਬਠਿੰਡਾ, ਨਿਰਮਲਜੀਤ ਸਿੰਘ ਸਿੱਧੂ ਕੈਨੇਡਾ ਵਾਲੇ, ਜਸਪਾਲ ਸਿੰਘ ਪ੍ਰਧਾਨ ਗੁਰਦੁਆਰਾ ਪਾਤਸ਼ਾਹੀ ਦਸਵੀਂ ਕੋਟਸ਼ਮੀਰ, ਰਾਜਵਿੰਦਰ ਸਿੰਘ ਮੈਨੇਜਰ ਗੁਰਦੁਆਰਾ ਕੋਟਸ਼ਮੀਰ, ਸੁਖਪਾਲ ਸਿੰਘ ਨੰਬਰਦਾਰ, ਜਸਪਾਲ ਸਿੰਘ ਨੰਬਰਦਾਰ, ਬਲਵਿੰਦਰ ਸਿੰਘ ਨੰਬਰਦਾਰ, ਅਕਾਲੀ ਆਗੂ ਸੁਖਦੇਵ ਸਿੰਘ ਚਹਿਲ, ਗੁਰੂ ਘਰ ਦੇ ਸੇਵਾਦਾਰ ਗੁਰਾਂਦਿਤਾ ਸਿੰਘ ਬੁੱਟਰ ਆਦਿ ਸ਼ਖ਼ਸੀਅਤਾਂ ਹਾਜ਼ਰ ਸਨ। ਤਖਤ ਸ੍ਰੀ ਦਮਦਮਾ ਸਾਹਿਬ ਦੇ ਪੰਜ ਪਿਆਰਿਆਂ ਨੇ ਅੰਮ੍ਰਿਤ ਸੰਚਾਰ ਕੀਤਾ। 92 ਪ੍ਰਾਣੀ ਗੁਰੂ ਵਾਲੇ ਬਣੇ।

ਪੰਜਾਬੀਆਂ ਨੇ ਪੂਰੀ ਦੁਨੀਆ 'ਚ ਕਲਾ ਦੇ ਨਾਲ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ- ਕੁਲਤਾਰ ਸਿੰਘ ਸੰਧਵਾਂ

ਬਲਵੰਤ ਗਾਰਗੀ ਆਡੀਟੋਰੀਅਮ ਵਿਚ ਕਰਵਾਇਆ ਚੌਥਾ ਫ਼ਿਲਮ ਫ਼ੈਸਟੀਵਲ

ਬਠਿੰਡਾ, 8 ਦਸੰਬਰ (ਅੰਮ੍ਰਿਤਪਾਲ ਸਿੰਘ ਵਲ੍ਹਾਣ)- ਪੂਰੀ ਦੁਨੀਆ ਵਿਚ ਪੰਜਾਬੀਆਂ ਨੇ ਫ਼ਿਲਮੀ ਅਤੇ ਸੰਗੀਤ ਜਗਤ ਵਿਚ ਕਲਾ ਦੇ ਨਾਲ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਸਥਾਨਕ ਬਲਵੰਤ ਗਾਰਗੀ ਐਡੋਟੋਰੀਅਮ ਵਿਚ ਬਠਿੰਡਾ ਫ਼ਿਲਮ ਫਾਊਂਡੇਸ਼ਨ ਵਲੋਂ ਕਰਵਾਏ ਗਏ ਚੌਥੇ ਫ਼ਿਲਮ ਫ਼ੈਸਟੀਵਲ ਵਿਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਮੌਕੇ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਵਿਧਾਇਕ ਭੁੱਚੋ ਮੰਡੀ ਮਾਸਟਰ ਜਗਸੀਰ ਸਿੰਘ ਅਤੇ ਚੇਅਰਮੈਨ ਪੰਜਾਬ ਮੀਡੀਅਮ ਇੰਡਸਟਰੀਜ਼ ਡਿਵੈਲਪਮੈਂਟ ਬੋਰਡ ਨੀਲ ਗਰਗ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ, ਕਰਵਾਏ ਗਏ ਇਸ ਫ਼ਿਲਮ ਐਂਡ ਮਿਊਜ਼ਿਕ ਐਵਾਰਡ 2024 ਦੌਰਾਨ ਸਪੀਕਰ ਪੰਜਾਬ ਵਿਧਾਨ ਸਭਾ ਸ. ਸੰਧਵਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਲਗਾਤਾਰ ਹੰਭਲੇ ਮਾਰੇ ਜਾ ਰਹੇ ਹਨ। ਇਸ ਮੌਕੇ ਉਨ੍ਹਾਂ ਇਹ ਵੀ ਕਿਹਾ ਕਿ ਸਿੱਖ ਇਤਿਹਾਸ ਨਾਲ ਜੁੜੀਆਂ ਪੰਜਾਬੀ ਫ਼ਿਲਮਾਂ ਸਾਡੀ ਨਿੱਜੀ ਜ਼ਿੰਦਗੀ ਨਾਲ ਖ਼ਾਸ ਸਬੰਧ ਰੱਖਦੀਆਂ ਹਨ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਿੱਖ ਇਤਿਹਾਸ ਨਾਲ ਜੁੜੀਆਂ ਪੰਜਾਬੀ ਫ਼ਿਲਮਾਂ ਆਪਣੇ ਪਰਿਵਾਰ ਸਮੇਤ ਬੱਚਿਆਂ ਨੂੰ ਜ਼ਰੂਰ ਦਿਖਾਓ ਤਾਂ ਜੋ ਉਨ੍ਹਾਂ ਨੂੰ ਇਤਿਹਾਸ ਬਾਰੇ ਜਾਣੂ ਕਰਵਾਇਆ ਜਾ ਸਕੇ।

ਸੰਬੋਧਨ ਕਰਦੇ ਹੋਏ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ।

ਇਸ ਮੌਕੇ ਕੁਲਤਾਰ ਸਿੰਘ ਸੰਧਵਾਂ ਨੇ ਕਰਵਾਏ ਗਏ ਇਸ ਫ਼ਿਲਮ ਫ਼ੈਸਟੀਵਲ ਦੀ ਸਾਰੀ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੱਜ ਕਲਾਕਾਰਾਂ ਨੇ ਸਾਬਿਤ ਕਰ ਦਿੱਤਾ ਕਿ ਪੰਜਾਬ ਦੇ ਕਲਾਕਾਰਾਂ ਵਿਚ ਬਹੁਤ ਦਮ ਹੈ, ਜੋ ਕਿ ਦੁਨੀਆਂ ਦੇ ਨਕਸ਼ੇ 'ਤੇ ਆਪਣੇ ਪੰਜਾਬ ਦਾ ਨਾਮ ਰੌਸ਼ਨ ਕਰ ਰਹੇ ਹਨ। ਇਸ ਫ਼ਿਲਮ ਫ਼ੈਸਟੀਵਲ ਦੌਰਾਨ ਭਾਰਤ ਦੇ ਵੱਖ-ਵੱਖ ਸ਼ਹਿਰਾਂ ਤੋਂ ਇਲਾਵਾ ਦੇਸ਼-ਵਿਦੇਸ਼ ਤੋਂ ਆਈਆਂ ਸ਼ਾਰਟ ਫ਼ਿਲਮਾਂ ਦੇ ਪ੍ਰੀਮੀਅਰ ਵੀ ਕੀਤੇ ਗਏ। ਇਸ ਮੌਕੇ ਫ਼ੈਸਟੀਵਲ ਦੇ ਡਾਇਰੈਕਟਰ ਰਣਜੀਤ ਸਿੰਘ ਸੰਧੂ, ਪੰਜਾਬੀ ਕਲਾਕਾਰ ਹਰਸਿਮਰਨ ਸਿੰਘ ਤੋਂ ਇਲਾਵਾ ਪੰਜਾਬੀ ਫ਼ਿਲਮ ਜਗਤ ਦੀਆਂ ਪ੍ਰਮੁੱਖ ਹਸਤੀਆਂ ਤੇ ਹੋਰ ਸ਼ਖ਼ਸੀਅਤਾਂ ਆਦਿ ਹਾਜ਼ਰ ਸਨ।

ਮੀਟਿੰਗ ਉਪਰੰਤ ਸਮੂਹਿਕ ਤਸਵੀਰ ਦੌਰਾਨ ਜਟਾਣਾ ਅਤੇ ਕਾਂਗਰਸੀ ਆਗੂ।

ਬੀ.ਕੇ.ਯੂ (ਉਗਰਾਹਾਂ) ਨੇ ਕੇਂਦਰ ਤੇ ਹਰਿਆਣਾ ਸਰਕਾਰ ਦੀ ਅਰਥੀ ਸਾੜੀ

ਨਥਾਣਾ, 8 ਦਸੰਬਰ (ਗੁਰਦਰਸ਼ਨ ਲੁੱਧੜ)- ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ) ਦੀ ਬਲਾਕ ਨਥਾਣਾ ਇਕਾਈ ਵੱਲੋਂ ਸਥਾਨਕ ਬੱਸ ਅੱਡਾ ਨਥਾਣਾ ਵਿਖੇ ਕੇਂਦਰ ਦੀ ਮੋਦੀ ਸਰਕਾਰ ਅਤੇ ਹਰਿਆਣਾ ਦੀ ਭਾਜਪਾ ਸਰਕਾਰ ਵੱਲੋਂ ਸੰਭੂ ਬਾਰਡਰ 'ਤੇ ਕਿਸਾਨਾਂ ਉੱਪਰ ਅੱਥਰੂ ਗੈਸ ਦੇ ਗੋਲੇ ਦਾਗਣ ਵਿਰੁੱਧ ਸਰਕਾਰ ਦੀ ਅਰਥੀ ਸਾੜੀ ਗਈ। ਇਸ ਮੌਕੇ ਜਥੇਬੰਦੀ ਦੇ ਬੁਲਾਰਿਆਂ ਨੇ ਕਿਹਾ ਕਿ ਦੇਸ਼ ਦੇ ਅਨਾਜ ਭੰਡਾਰ ਭਰਨ ਵਾਲੇ ਕਿਸਾਨ ਵੀ ਇਸ ਦੇਸ਼ ਦੇ ਵਾਸੀ ਹਨ ਅਤੇ ਉਨ੍ਹਾਂ ਨੂੰ ਸਰਕਾਰ ਅੱਗੇ ਆਪਣੀਆਂ ਮੰਗਾਂ ਰੱਖਣ ਅਤੇ ਦੇਸ਼ ਦੀ ਰਾਜਧਾਨੀ ਵਿੱਚ ਰੋਸ ਪ੍ਰਦਰਸ਼ਨ ਕਰਨ ਦਾ ਲੋਕਤੰਤਰੀ ਅਧਿਕਾਰ ਹੈ ਪਰ ਕੇਂਦਰ ਅਤੇ ਹਰਿਆਣਾ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਦੀ ਮੁਕੰਮਲ ਅਜਾਰੇਦਾਰੀ ਸਥਾਪਿਤ ਕਰਨ ਲਈ ਜਿੱਥੇ ਕਿਸਾਨੀ ਦੀ ਲੁੱਟ ਕੀਤੀ ਜਾ ਰਹੀ ਹੈ, ਉਥੇ ਕਿਸਾਨਾਂ ਪਾਸੋਂ ਉਨ੍ਹਾਂ ਦੇ ਲੋਕਤੰਤਰਿਕ ਅਧਿਕਾਰ ਖੋਹੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਦੇਸ਼ ਦਾ ਕਿਸਾਨ ਹੁਣ ਆਪਣੇ ਆਰਥਿਕ ਹਿਤਾਂ ਅਤੇ ਆਰਥਿਕ ਕਿਰਤ ਦੀ ਲੁੱਟ ਵਿਰੁੱਧ ਜਾਗਰੂਕ ਹੋ ਚੁੱਕਾ ਹੈ ਅਤੇ ਸੰਘਰਸ਼ ਦੇ ਰਾਹ 'ਤੇ ਤੁਰੇ ਕਿਸਾਨਾਂ ਨੂੰ ਹੁਣ ਸਰਕਾਰ ਦੀਆਂ ਦਮਨਕਾਰੀ ਨੀਤੀਆਂ ਸਖ਼ਤੀ ਵਰਤ ਕੇ ਦਬਾ ਨਹੀਂ ਸਕਣਗੀਆਂ। ਇਸ ਮੌਕੇ ਜਥੇਬੰਦੀ ਦੇ ਬਲਾਕ ਪ੍ਰਧਾਨ ਹੁਸ਼ਿਆਰ ਸਿੰਘ, ਬਲਜੀਤ ਸਿੰਘ ਪੂਹਲਾ, ਲਖਵੀਰ ਸਿੰਘ ਮਾਨ ਅਤੇ ਹੋਰਨਾਂ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਕੇਂਦਰ ਅਤੇ ਹਰਿਆਣਾ ਸਰਕਾਰ ਨੇ ਆਪਣਾ ਜਬਰ ਇਸੇ ਤਰ੍ਹਾਂ ਜਾਰੀ ਰੱਖਿਆ ਤਾਂ ਕਿਸਾਨੀ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

ਬੀ.ਕੇ.ਯੂ (ਉਗਰਾਹਾਂ) ਦੀ ਅਗਵਾਈ ਵਿੱਚ ਬੱਸ ਅੱਡਾ ਨਥਾਣਾ ਵਿਖੇ ਕੇਂਦਰ ਅਤੇ ਹਰਿਆਣਾ ਸਰਕਾਰ ਦੀ ਅਰਥੀ ਫੂਕ ਰਹੇ ਕਿਸਾਨ। ਤਸਵੀਰ: ਗੁਰਦਰਸ਼ਨ ਲੁੱਧੜ

ਨਗਰ ਕੌਂਸਲ ਚੋਣਾਂ ਸੰਬੰਧੀ ਖੁਸ਼ਬਾਜ ਜਟਾਣਾ ਦੀ ਅਗਵਾਈ ਹੇਠ ਹੋਈ ਕਾਂਗਰਸ ਦੀ ਮੀਟਿੰਗ

ਤਲਵੰਡੀ ਸਾਬੋ, 8 ਦਸੰਬਰ (ਰਣਜੀਤ ਸਿੰਘ ਰਾਜੂ)- 21 ਦਸੰਬਰ ਨੂੰ ਹੋਣ ਜਾ ਰਹੀਆਂ ਨਗਰ ਕੌਂਸਲ ਤਲਵੰਡੀ ਸਾਬੋ ਦੀਆਂ ਚੋਣਾਂ ਵਾਸਤੇ ਉਮੀਦਵਾਰਾਂ ਦੀ ਚੋਣ ਪ੍ਰਕ੍ਰਿਆ ਲਈ ਅੱਜ ਕਾਂਗਰਸ ਪਾਰਟੀ ਵਲੋਂ ਹਲਕਾ ਇੰਚਾਰਜ ਖੁਸ਼ਬਾਜ ਸਿੰਘ ਜਟਾਣਾ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਬਠਿੰਡਾ (ਦਿਹਾਤੀ) ਨੇ ਨਗਰ ਦੇ ਪਾਰਟੀ ਆਗੂਆਂ ਨਾਲ ਇਕ ਮੀਟਿੰਗ ਕੀਤੀ। ਮੀਟਿੰਗ 'ਚ ਵਿਸ਼ੇਸ਼ ਗੱਲ ਇਹ ਰਹੀ ਕਿ ਚੋਣ ਜੰਗ ਜਿੱਤਣ ਵਾਸਤੇ ਸਾਰੇ ਮੁਹਤਬਰ ਆਗੂ ਇੱਕ ਪਲੇਟ ਫਾਰਮ ਤੇ ਖੜ੍ਹੇ ਦਿਖਾਈ ਦਿੱਤੇ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਂਗਰਸ ਹਲਕਾ ਇੰਚਾਰਜ ਖੁਸ਼ਬਾਜ ਸਿੰਘ ਜਟਾਣਾ ਨੇ ਕਾਂਗਰਸੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵਲੋਂ ਪਿਛਲੇ ਸਮੇਂ ਦੌਰਾਨ ਕੀਤੇ ਲੋਕ ਵਿਰੋਧੀ ਕੰਮਾਂ ਨੂੰ ਲੋਕਾਂ ਤੱਕ ਲੈ ਕੇ ਜਾਣ ਅਤੇ ਉਨ੍ਹਾਂ ਨੂੰ ਦੱਸਣ ਕਿ ਲੋਕਾਂ ਲਈ ਕੰਮ ਕਰਨ ਦਾ ਜਜ਼ਬਾ ਕੇਵਲ ਅਤੇ ਕੇਵਲ ਕਾਂਗਰਸ ਪਾਰਟੀ ਰੱਖਦੀ ਹੈ। ਉਨ੍ਹਾਂ ਨੇ ਕਿਹਾ ਕਿ ਸਮੁੱਚੇ ਪੰਜਾਬ ਵਾਂਗ ਇਤਿਹਾਸਿਕ ਨਗਰ ਤਲਵੰਡੀ ਸਾਬੋ ਦੇ ਲੋਕ ਇਸ ਸਰਕਾਰ ਤੋਂ ਪੂਰੀ ਤਰ੍ਹਾਂ ਤੰਗ ਆ ਚੁੱਕੇ ਹਨ ਕਿਉਂਕਿ ਇਸ ਸਰਕਾਰ ਨੇ ਹੋਰ ਤਾਂ ਕੰਮ ਕਰਨਾ ਕੀ ਸੀ ਸਗੋਂ ਤਖਤ ਸ੍ਰੀ ਦਮਦਮਾ ਸਾਹਿਬ ਨੂੰ ਜਾਂਦੇ ਰਾਸਤਿਆਂ ਦੀ ਮੁਰੰਮਤ ਤੱਕ ਦੀ ਕਦੇ ਸਾਰ ਨਹੀ ਲਈ। ਸੀਵਰੇਜ ਦੇ ਓਵਰਫ਼ਲੋ ਸਮੇਂ ਵੀ ਗੰਦਾ ਪਾਣੀ ਤਖਤ ਸਾਹਿਬ ਦੇ ਸਾਹਮਣੇ ਇਕੱਠਾ ਹੁੰਦਾ ਰਿਹਾ ਅਤੇ ਸੰਗਤਾਂ ਗੰਦੇ ਪਾਣੀ ਚੋਂ ਲੰਘਣ ਲਈ ਮਜਬੂਰ ਹੁੰਦੀਆਂ ਰਹੀਆਂ ਪਰ ਸਰਕਾਰ ਦੀ ਨੁਮਾਇੰਦਗੀ ਕਰਨ ਵਾਲਿਆਂ ਨੇ ਉਸ ਦੇ ਹੱਲ ਦੀ ਕਦੇ ਕੋਸ਼ਿਸ਼ ਨਹੀਂ ਕੀਤੀ। ਮੀਟਿੰਗ 'ਚ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਸਾਰੇ ਆਗੂਆਂ ਨੇ ਇਕਜੁਟ ਹੋ ਕੇ ਮਜ਼ਬੂਤੀ ਨਾਲ ਚੋਣ ਲੜਨ ਲਈ ਪ੍ਰੇਰਿਆ ਤਾਂਕਿ ਸਾਰੇ ਵਾਰਡਾਂ 'ਚ ਕਾਂਗਰਸ ਪਾਰਟੀ ਦਾ ਝੰਡਾ ਲਹਿਰਾਇਆ ਜਾ ਸਕੇ। ਉੱਧਰ ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਟਾਣਾ ਨੇ ਕਿਹਾ ਕਿ ਪਿਛਲੇ ਪੌਣੇ ਤਿੰਨ ਸਾਲਾਂ ਤੋਂ 'ਆਪ' ਸਰਕਾਰ ਵਲੋਂ ਤਲਵੰਡੀ ਸਾਬੋ ਨਗਰ ਨਾਲ ਕੀਤੇ ਮਤਰੇਏ ਸਲੂਕ ਦਾ ਜਵਾਬ ਲੋਕ ਐਤਕੀਂ ਚੋਣਾਂ 'ਚ ਦੇਣਗੇ। ਮੀਟਿੰਗ 'ਚ ਸੀਨੀਅਰ ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਹਰਬੰਸ ਸਿੰਘ ਸਾਬਕਾ ਕਾ.ਪ੍ਰਧਾਨ, ਤੇਜ ਰਾਮ ਸ਼ਰਮਾ, ਬੱਬੀ ਚੱਠਾ, ਦਵਿੰਦਰ ਸੂਬਾ, ਜਗਤਾਰ ਸਿੰਘ ਮੈਨੂੰਆਣਾ ਚੇਅਰਮੈਨ, ਚਿੰਟੂ ਜਿੰਦਲ, ਵਿਕਾਸ ਤਲਵੰਡੀ, ਰਣਧੀਰ ਗੋਗਾ, ਲੀਲਾ ਸਿੰਘ, ਬਲਕਰਨ ਬੱਬੂ ਆਦਿ ਆਗੂ ਮੌਜੂਦ ਰਹੇ।

ਜ਼ਿਲ੍ਹਾ ਮੈਜਿਸਟ੍ਰੇਟ ਵਲੋਂ ਜ਼ਿਲ੍ਹੇ 'ਚ ਵੱਖ-ਵੱਖ ਪਾਬੰਦੀਆਂ ਲਾਗੂ

ਬਠਿੰਡਾ, 8 ਦਸੰਬਰ (ਅੰਮ੍ਰਿਤਪਾਲ ਸਿੰਘ ਵਲ੍ਹਾਣ): ਜ਼ਿਲ੍ਹਾ ਮੈਜਿਸਟ੍ਰੇਟ ਸ਼ੌਕਤ ਅਹਿਮਦ ਪਰੇ ਨੇ ਧਾਰਾ 163 ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੀ ਹਦੂਦ ਅੰਦਰ ਵੱਖ-ਵੱਖ ਪਾਬੰਦੀਆਂ ਸੰਬੰਧੀ ਹੁਕਮ ਜਾਰੀ ਕੀਤੇ ਹਨ। ਜ਼ਿਲ੍ਹਾ ਮੈਜਿਸਟ੍ਰੇਟ ਨੇ ਜ਼ਿਲ੍ਹੇ 'ਚ ਅਮਨ-ਕਾਨੂੰਨ ਕਾਇਮ ਰੱਖਣ ਲਈ ਵਿਆਹਾਂ ਅਤੇ ਹੋਰ ਸਮਾਗਮਾਂ ਆਦਿ 'ਤੇ ਪਟਾਕੇ, ਆਤਿਸ਼ਬਾਜ਼ੀ ਚਲਾਉਣ ਤੇ ਆਰਮ ਫਾਇਰ ਦੀ ਵਰਤੋਂ ਕਰਨ ਉੱਪਰ ਮੁਕੰਮਲ ਪਾਬੰਦੀ ਲਗਾਈ ਹੈ। ਜ਼ਿਲ੍ਹੇ ਦੀ ਹਦੂਦ ਅੰਦਰ ਸ਼ਹਿਰੀ-ਪੇਂਡੂ ਖੇਤਰਾਂ ਵਿਚ ਕੁਝ ਲੋਕ ਪਾਣੀ ਦੀਆਂ ਟੈਂਕੀਆਂ ਜਾਂ ਅਜਿਹੀਆਂ ਉੱਚੀਆਂ ਥਾਵਾਂ 'ਤੇ ਚੜ੍ਹ ਜਾਂਦੇ ਹਨ, ਜਿਸ ਨਾਲ ਉਹ ਆਪਣੇ ਆਪ ਨੂੰ ਜਾਂ ਆਮ ਲੋਕਾਂ ਨੂੰ ਨੁਕਸਾਨ ਪਹੁੰਚਾ ਸਕਦੇ ਹਨ। ਕਿਸੇ ਸ਼ਰਾਰਤੀ ਅਨਸਰ ਵਲੋਂ ਟੈਂਕੀਆਂ 'ਤੇ ਚੜਕੇ ਪੀਣ ਵਾਲ